# ਦਫਤਰ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ

ਮੀਮੋ ਨੰ::Transfer Cell/2025/322388/ੳ175 ਮਿਤੀ: 30.08.2025

## ਜਨਤਕ ਸੂਚਨਾਂ

1.0 ਸਾਲ 2025 ਦੌਰਾਨ ਜਾਰੀ ਜਨਤਕ ਸੂਚਨਾਂ ਰਾਹੀਂ ਅਧਿਆਪਕਾਂ, ਕੰਪਿਊਟਰ ਫੈਕਲਟੀ ਅਤੇ ਕਰਮਚਾਰੀ ਜੋ ਪਾਲਿਸੀ ਅਨਸਾਰ ਕਵਰ ਹੁੰਦੇ ਸਨ ਅਤੇ ਬਦਲੀ ਕਰਵਾਉਣਾ ਚਾਹੁੰਦੇ ਸਨ ਉਹਨਾਂ ਤੋਂ ਬਦਲੀ ਲਈ ਆਨਲਾਈਨ ਬੇਨਤੀਆਂ ਮੰਗੀਆਂ ਗਈਆਂ ਸਨ। ਦਰਖਾਸਤ ਕਰਤਾਵਾਂ ਵਲੋਂ ਬਦਲੀ ਲਈ ਬੇਨਤੀ ਕਰਦੇ ਸਮੇਂ ਜੋ ਡਾਟਾ ਭਰਿਆ ਗਿਆ ਸੀ ਉਸ ਦੀ ਤਸਦੀਕ ਸਕੂਲ ਮੁੱਖੀ/ ਡੀ.ਡੀ.ਓ ਵੱਲੋਂ ਕੀਤੀ ਗਈ ਸੀ।

2.0 ਜੋ ਅਧਿਆਪਕ/ਕੰਪਿਊਟਰ ਫੈਕਲਟੀ/ਕਰਮਚਾਰੀ ਜਿਲ੍ਹੇ ਦੇ ਅੰਦਰ (Within District) ਬਦਲੀ ਕਰਵਾਉਣ ਵਿੱਚ ਸਫਲ ਹੋ ਗਏ ਹਨ ਉਹਨਾਂ ਦੀ ਬਦਲੀ ਦੇ ਹੁਕਮ ਉਹਨਾਂ ਦੀ ਈ-ਪੰਜਾਬ ਆਈ.ਡੀ ਤੇ ਮਿਤੀ 22.08.2025 ਨੂੰ ਅਪਲੋਡ ਕਰ ਦਿੱਤੇ ਗਏ ਹਨ।

3.0 ਵਿਭਾਗ ਵਲੋਂ ਬਦਲੀਆਂ ਦੇ ਦੂਜੇ ਗੇੜ ਦੌਰਾਨ ਜਿਲ੍ਹੇ ਤੋਂ ਬਾਹਰ (Inter District) ਬਦਲੀਆਂ ਕੀਤੀਆਂ ਜਾਣੀਆਂ ਹਨ। ਜਿੰਨਾਂ ਦਰਖਾਸਤਕਰਤਾਵਾਂ ਨੇ ਬਦਲੀ ਲਈ ਬੇਨਤੀ ਦਿੱਤੀ ਹੈ ਅਤੇ ਉਹ ਜਿਲ੍ਹੇ ਤੋਂ ਬਾਹਰ (Inter District) ਬਦਲੀ ਕਰਵਾਉਣਾ ਚਾਹੁੰਦੇ ਹਨ ਤਾਂ ਉਹ ਈ ਪੰਜਾਬ ਪੋਰਟਲ ਤੇ ਲਾਗ ਇਨ ਕਰਕੇ ਬਦਲੀ ਲਈ Station Choice ਮਿਤੀ 30.08.2025 ਤੋਂ 01.09.2025 ਤੱਕ ਦੇ ਸਕਦੇ ਹਨ। ਬਦਲੀ ਲਈ ਉਪਲਬਧ ਖਾਲੀ ਅਸਾਮੀਆਂ ਦੀ ਸੂਚੀ ਈ ਪੰਜਾਬ ਪੋਰਟਲ ਤੇ Log in ਕਰਕੇ Transfer Menu ਵਿੱਚ Station Choice ਲਿੰਕ ਤੇ ਦਰਸਾਈ ਜਾਵੇਗੀ। Station Choice ਇਹਨਾਂ ਉਪਲਬਧ ਖਾਲੀ ਸਟੇਸਨਾਂ ਵਿਚੋਂ ਹੀ ਕੀਤੀ ਜਾ ਸਕਦੀ ਹੈ।

4.0 ਜਿਹੜੇ ਅਧਿਆਪਕ/ ਕੰਪਿਊਟਰ ਫੈਕਲਟੀ/ਕਰਮਚਾਰੀ ਬਦਲੀ ਕਰਵਾਉਣ ਵਿੱਚ ਸਫਲ ਹੋ ਜਾਣਗੇ ਤਾਂ ਉਹਨਾਂ ਨੂੰ ਬਦਲੀ ਵਾਲੇ ਸਟੇਸਨ ਭਾਵ ਜਿੱਥੇ ਬਦਲੀ ਹੋਈ ਹੈ, ਵਿਖੇ ਜੁਆਇੰਨ ਕਰਨਾ ਲਾਜਮੀ ਹੋਵੇਗਾ, ਕਿਸੇ ਵੀ ਹਾਲਤ ਵਿੱਚ ਬਦਲੀ ਰੱਦ ਨਹੀਂ ਕੀਤੀ ਜਾਵੇਗੀ। ਇਸ ਲਈ ਅਧਿਆਪਕ/ਕਰਮਚਾਰੀ ਬਦਲੀ ਲਈ Station Choice ਬਹੁਤ ਹੀ ਧਿਆਨ ਪੂਰਵਕ ਕਰਨ।

5.0 ਜੇਕਰ ਕਿਸੇ ਅਧਿਆਪਕ/ਕੰਪਿਊਟਰ ਫੈਕਲਟੀ/ਕਰਮਚਾਰੀ ਨੂੰ ਬਦਲੀ ਲਈ ਆਨਲਾਈਨ Station Choice ਵਿੱਚ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਜਿਲ੍ਹਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿੰਨਾਂ ਦੀ ਫੋਨ ਨੰਬਰਾਂ ਦੀ ਸੂਚੀ epunjabschool portal ਤੇ ਉਪਲਬਧ ਹੈ।

ਸਹਾਇਕ ਡਾਇਰੈਕਟਰ (ਟਰਾਂਸਫਰ ਸੈੱਲ)

Scanned with CamScanner